ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈਸਿ), ਪੰਜਾਬ, ਸਾਹਿਬਜਾਦਾ ਅਜੀਤ ਸਿੰਘ ਨਗਰ।

(ਕੋਆਰਡੀਨੇਸ਼ਨ ਸ਼ਾਖਾ)

ਸੇਵਾ ਵਿਖੇ

1. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿ/ਐਸਿ), ਪੰਜਾਬ।
2. ਸਮੂਹ ਸਕੂਲ ਮੁਖੀ, ਪੰਜਾਬ।

(ਵੈਬਸਾਈਟ ਰਾਹੀਂ)

ਮੀਮੋ ਨੰ. 299689 / 2022944498-99

ਮਿਤੀ 20-04-2022

ਵਿਸ਼ਾ: ਦਫਤਰੀ ਕੰਮ-ਕਾਜ ਵਿੱਚ ਸੁਧਾਰ ਲਿਆਉਣ ਸਬੰਧੀ।

ਹਵਾਲਾ: ਪੰਜਾਬ ਸਰਕਾਰ, ਆਮ ਰਾਜ ਪ੍ਰਬੰਧ ਵਿਭਾਗ (ਆਮ ਤਾਲਮੇਲ ਸ਼ਾਖਾ) ਦਾ ਪੱਤਰ ਨੰ. 11/3/2022-GC (2)/797 ਮਿਤੀ 07.04.2022.

ਉਪਰੋਕਤ ਵਿਸ਼ੇ ਤੇ ਹਵਾਲਾ ਅਧੀਨ ਪੱਤਰ ਦੀ ਕਾਪੀ ਆਪ ਨੂੰ ਹਦਾਇਤਾਂ ਦੀ ਪਾਲਣਾ ਹਿੱਤ ਭੇਜੀ ਜਾਂਦੀ ਹੈ ਜੀ।

20.04.22

(ਜਸਕੀਰਤ ਕੌਰ)

ਸਹਾਇਕ ਡਾਇਰੈਕਟਰ (ਕੋਆਰਡੀਨੇਸ਼ਨ)

ਪਿੱ.ਅੰ.ਨੰ. ਉਕਤ/2022945oo-503 ਮਿਤੀ 20-04-2022

ਉਤਾਰਾ ਹੇਠ ਲਿਖਿਆ ਨੂੰ ਯੋਗ ਕਾਰਵਾਈ ਹਿੱਤ ਭੇਜਿਆ ਜਾਂਦ ਹੈ:-

1. ਸਕੱਤਰ, ਪੰਜਾਬ ਸਕੂਲ ਸਿੱਖਿਆ ਬੋਰਡ।
2. ਸਮੂਹ ਅਧਿਕਾਰੀ/ਸ਼ਾਖਾ ਮੁਖੀ, ਦ. ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
3. ਸਮੂਹ ਅਧਿਕਾਰੀ/ਸ਼ਾਖਾ ਮੁਖੀ, ਦ. ਡਾਇਰੈਕਟਰ ਸਿੱਖਿਆ ਵਿਭਾਗ (ਸੈਸਿ/ਐਸਿ), ਪੰਜਾਬ।
4. ਸਮੂਹ ਅਧਿਕਾਰੀ/ਸ਼ਾਖਾ ਮੁਖੀ, ਦ. ਡਾਇਰੈਕਟਰ ਐਸ.ਸੀ.ਈ.ਆਰ.ਟੀ. ਪੰਜਾਬ।

20.04.22

(ਜਸਕੀਰਤ ਕੌਰ)

ਸਹਾਇਕ ਡਾਇਰੈਕਟਰ (ਕੋਆਰਡੀਨੇਸ਼ਨ)

1344914/2022/COORDINATION-DPISE ਨੰ. 11/3/2022-GC(2)/797

ਪੰਜਾਬ ਸਰਕਾਰ
ਆਮ ਰਾਜ ਪ੍ਰਬੰਧ ਵਿਭਾਗ
(ਆਮ ਤਾਲਮੇਲ ਸ਼ਾਖਾ)

ਮਿਤੀ, ਚੰਡੀਗੜ੍ਹ 07-04-2022

ਸੇਵਾ ਵਿਖੇ

ਰਾਜ ਦੇ ਸਮੂਹ ਵਿਭਾਗਾਂ ਦੇ ਮੁਖੀ,
ਡਵੀਜ਼ਨਾਂ ਦੇ ਕਮਿਸ਼ਨਰ, ਜਿਲਿਆਂ ਦੇ ਡਿਪਟੀ ਕਮਿਸ਼ਨਰ।

ਵਿਸ਼ਾ:- ਦਫਤਰੀ ਕੰਮ-ਕਾਜ ਵਿੱਚ ਸੁਧਾਰ ਲਿਆਉਣ ਸਬੰਧੀ।

*****

ਸ੍ਰੀ ਮਾਨ/ਸ੍ਰੀਮਤੀ ਜੀ,

ਉਪਰੋਕਤ ਵਿਸ਼ੇ ਤੇ ਮੈਨੂੰ ਇਹ ਲਿਖਣ/ਸੂਚਿਤ ਕਰਨ ਦੀ ਹਦਾਇਤ ਹੋਈ ਹੈ ਕਿ ਲੋਕਤੰਤਰੀ ਢਾਂਚੇ ਵਿੱਚ ਸਰਕਾਰ ਦਾ ਮੁੱਖ ਕੰਮ ਲੋਕ ਭਲਾਈ ਦੇ ਕੰਮ ਕਰਨਾ ਅਤੇ ਆਮ ਜਨਤਾ ਦੀਆਂ ਮੁਸ਼ਕਲਾਂ ਦਾ ਹੱਲ ਕਰਨਾ ਹੁੰਦਾ ਹੈ ਤਾਂ ਜੋ ਸਰਕਾਰ ਦਾ ਅਕਸ ਸਾਫ ਰਹਿ ਸਕੇ ਅਤੇ ਸਰਕਾਰ ਦੀ ਲੋਕ ਹਿੱਤ ਦੀਆਂ ਨੀਤੀਆਂ ਦਾ ਲਾਭ ਰਾਜ ਦੇ ਹਰੇਕ ਲੋੜਵੰਦ ਤੱਕ ਪਹੁੰਚ ਸਕੇ। ਇਸ ਲਈ ਸਮੂਹ ਪ੍ਰਬੰਧਕੀ ਸਕੱਤਰਾਂ/ਵਿਭਾਗਾਂ ਦੇ ਮੁਖੀਆ/ਡਵੀਜ਼ਨਾਂ ਦੇ ਕਮਿਸ਼ਨਰਾਂ ਅਤੇ ਜਿਲਿਆਂ ਦੇ ਡਿਪਟੀ ਕਮਿਸ਼ਨਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ:-

1. ਸਰਕਾਰੀ ਦਫਤਰਾਂ ਵਿੱਚ ਕਰਮਚਾਰੀਆਂ/ਅਧਿਕਾਰੀਆਂ ਦੀ ਸਮੇਂ ਦੀ ਬਕਾਇਦਗੀ ਦਾ ਖਾਸ ਧਿਆਨ ਰੱਖਿਆ ਜਾਵੇ ਤਾਂ ਜੋ ਦੂਰ ਦੁਰਾਡੇ ਤੋਂ ਦਫਤਰਾਂ ਵਿੱਚ ਆਉਣ ਵਾਲੀ ਆਮ ਜਨਤਾ ਨੂੰ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।

2. ਪਬਲਿਕ ਡੀਲਿੰਗ ਵਾਲੇ ਦਫਤਰਾਂ ਵਿੱਚ ਆਮ ਜਨਤਾ ਨੂੰ ਮਿਲਣ ਲਈ ਨਿਸ਼ਚਿਤ ਸਮਾਂ ਨਿਰਧਾਰਤ ਕੀਤਾ ਜਾਵੇ ਅਤੇ ਆਉਣ ਵਾਲੇ ਹਰੇਕ ਵਿਅਕਤੀ ਨਾਲ ਚੰਗਾ ਵਤੀਰਾ ਤੇ ਉਹਨਾਂ ਦਾ ਸਹੀ ਢੰਗ ਨਾਲ ਮਾਰਗ ਦਰਸ਼ਨ ਕੀਤਾ ਜਾਵੇ।

3. ਇਹ ਧਿਆਨ ਵਿੱਚ ਆਇਆ ਹੈ ਕਿ ਕਈ ਸਰਕਾਰੀ ਦਫਤਰਾਂ/ਇਮਾਰਤਾਂ ਵਿੱਚ ਆਮ ਜਨਤਾ ਨੂੰ ਮੋਬਾਇਲ ਫੋਨ ਲੈ ਕੇ ਜਾਣ ਤੋਂ ਪੂਰਨ ਮਨਾਹੀ ਹੈ ਜਿਸ ਨਾਲ ਦਫਤਰ ਵਿੱਚ ਆਉਣ ਵਾਲੀ ਜਨਤਾ ਨੂੰ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਲਈ ਮੋਬਾਇਲ ਫੋਨ ਸਬੰਧੀ ਅਜਿਹੀ ਪੂਰਨ ਪਾਬੰਦੀ ਨਾ ਲਗਾਈ ਜਾਵੇ, ਪ੍ਰੰਤੂ ਜਿੱਥੇ ਸੁਰੱਖਿਆ ਕਾਰਨਾਂ ਕਰਕੇ ਅਜਿਹਾ ਕਰਨਾ ਲਾਜ਼ਮੀ ਹੈ ਉੱਥੇ ਵੀ ਅਜਿਹੀ ਪਾਬੰਦੀ ਕੇਵਲ ਅੰਸ਼ਕ ਰੂਪ ਵਿੱਚ ਹੀ ਲਾਗੂ ਕੀਤੀ ਜਾਵੇ।

ਵਿਸ਼ਵਾਸਪਾਤਰ,

ਅਧੀਨ ਸਕੱਤਰ ਤਾਲਮੇਲ 07/4/22

ਇਸਦਾ ਇਕ ਉਤਾਰਾ ਸਮੂਹ ਵਿਸ਼ੇਸ਼ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/ਵਿੱਤੀ ਕਮਿਸ਼ਨਰ/ਪ੍ਰਮੁੱਖ ਸਕੱਤਰ ਅਤੇ ਸਕੱਤਰ ਸਾਹਿਬਾਨਾਂ ਨੂੰ ਪਾਲਣਾ ਹਿੱਤ ਭੇਜਿਆ ਜਾਂਦਾ ਹੈ।

ਸੁਪਰਡੰਟ

ਸੇਵਾ ਵਿਖੇ

ਸਮੂਹ ਵਿਸ਼ੇਸ਼ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/
ਵਿੱਤੀ ਕਮਿਸ਼ਨਰ/ਪ੍ਰਮੁੱਖ ਸਕੱਤਰ ਅਤੇ ਸਕੱਤਰ ਪੰਜਾਬ ਸਰਕਾਰ।

ਅੰ.ਵਿ.ਪ.ਨੰ. 11/3/2022-GC(2)/798 ਮਿਤੀ, ਚੰਡੀਗੜ੍ਹ 07-04-2022